# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-02-2025**

ਹਾਲ ਹੀ ਵਿਚ ਅਮਰੀਕਾ ਤੋਂ deport ਕੀਤੇ ਭਾਰਤੀਆਂ ਦੇ ਮਮਲੇ ਵਿਚ ਪੰਜਾਬ ਪੁਲਿਸ ਨੇ 8 ਟ੍ਰੈਵਲ ਏਜੰਟਾਂ ਵਿਰੁੱਧ ਐਫ. ਆਈ. ਆਰ. ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਹ ਐਫ. ਆਈ. ਆਰ. ਪੰਜਾਬ ਤੋਂ ਡਿਪੋਰਟ ਕੀਤੇ ਗਏ ਲੋਕਾਂ ਦੀਆਂ ਸ਼ਿਕਾਇਤਾਂ 'ਤੇ ਦਰਜ ਕੀਤੀਆਂ ਗਈਆਂ ਨੇ , ਜਿਨ੍ਹਾਂ ਨੂੰ ਇਨ੍ਹਾਂ ਏਜੰਟਾਂ ਨੇ ਅਮਰੀਕਾ ਵਿਚ ਗੈਰ-ਕਾਨੂੰਨੀ ਪ੍ਰਵੇਸ਼ ਦੇ ਝੂਠੇ ਵਾਅਦਿਆਂ 'ਤੇ ਧੋਖਾ ਦਿੱਤਾ ਸੀ। ਏ. ਡੀ. ਜੀ. ਪੀ. (ਐਨਆਰਆਈ ਮਾਮਲੇ) ਪ੍ਰਵੀਨ ਸਿਨਹਾ ਅਧੀਨ ਇੱਕ ਵਿਸ਼ੇਸ਼ ਜਾਂਚ ਟੀਮ (SIT) ਦੇ ਗਠਨ ਤੋਂ ਬਾਅਦ ਪੰਜਾਬ ਪੁਲਿਸ ਵਲੋਂ ਮਾਮਲੇ ਦਰਜ ਕੀਤੇ ਗਏ ਨੇ । ਐਸ. ਆਈ. ਟੀ. ਵਿਚ ਏਡੀਜੀਪੀ (ਅੰਦਰੂਨੀ ਸੁਰੱਖਿਆ) ਸ਼ਿਵ ਕੁਮਾਰ ਵਰਮਾ, ਆਈ. ਜੀ. ਪੀ. ਡਾ. ਐਸ. ਭੂਪਤੀ ਤੇ ਡੀ. ਆਈ. ਜੀ. ਬਾਰਡਰ ਰੇਂਜ ਸਤਿੰਦਰ ਸਿੰਘ ਸ਼ਾਮਲ ਨੇ । ਇਹ ਦੱਸਣਾ ਜ਼ਰੂਰੀ ਏ ਕਿ 5 ਫਰਵਰੀ ਨੂੰ ਅੰਮ੍ਰਿਤਸਰ ਦੇ ਸ੍ਰੀ ਗੁਰੂ

ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ 104 ਗੈਰ-ਕਾਨੂੰਨੀ ਭਾਰਤੀ ਪ੍ਰਵਾਸੀਆਂ ਨੂੰ ਉਤਾਰਿਆ ਸੀ। ਪੰਜਾਬ ਪੁਲਿਸ ਨੇ ਟ੍ਰੈਵਲ ਏਜੰਟਾਂ ਵਿਰੁੱਧ ਪੀੜਤਾਂ ਦੇ ਬਿਆਨ ਦਰਜ ਕਰਨ ਤੋਂ ਬਾਅਦ ਐਫ. ਆਈ. ਆਰ. ਦਰਜ ਕੀਤੀ ਏ।

-----------------------------------------------------------

ਆਗਾਮੀ ਬੋਰਡ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਦੀ ਸਹਾਇਤਾ ਲਈ ਜ਼ਿਲ੍ਹਾ ਲੁਧਿਆਣਾ ਵਿਚ 24 ਘੰਟੇ ਸਮਰਪਿਤ 'ਆਸਮਾਂ' ਨਾਮਕ ਮਾਨਸਿਕ ਸਿਹਤ ਹੈਲਪਲਾਈਨ ਸ਼ੁਰੂ ਕੀਤੀ ਏ। ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥੀਆਂ ਨੂੰ ਪ੍ਰੀਖਿਆ ਨਾਲ ਸਬੰਧਤ ਤਣਾਅ 'ਤੇ ਕਾਬੂ ਪਾਉਣ ਵਿਚ ਸਹਾਇਤਾ ਕਰਨਾ ਤੇ ਪ੍ਰਭਾਵਸ਼ਾਲੀ ਅਧਿਐਨ ਯੋਜਨਾਵਾਂ ਬਣਾਉਣਾ ਏ। ਵਿਦਿਆਰਥੀ 24 ਘੰਟਿਆਂ ਦੌਰਾਨ ਕਿਸੇ ਵੀ ਸਮੇਂ ਹੈਲਪਲਾਈਨ 9646470777 'ਤੇ ਕਾਲ ਕਰਕੇ ਸਲਾਹ ਲੈ ਸਕਦੇ ਨੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 'ਆਸਮਾਂ' ਹੈਲਪਲਾਈਨ ਦਾ ਟੀਚਾ ਵਿਦਿਆਰਥੀਆਂ ਦੇ ਇਮਤਿਹਾਨਾਂ ਦੇ ਡਰ ਨੂੰ ਦੂਰ ਕਰਨ ਲਈ ਮਾਰਗਦਰਸ਼ਨ ਕਰਨ ਵਿਚ ਮਦਦ ਕਰਨਾ ਏ।

-----------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਪੰਜਾਬ ਸਰਕਾਰ ਵਲੋਂ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਭਲਕੇ 12 ਫਰਵਰੀ ਨੂੰ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਡਾ. ਅਗਰਵਾਲ ਨੇ ਅਧਿਕਾਰੀਆਂ ਨੂੰ ਕਿਹਾ ਕਿ ਅੱਜ ਸਜਾਈ ਜਾਣ ਵਾਲੀ ਸ਼ੋਭਾ ਯਾਤਰਾ ਵਿਚ ਸਾਫ਼-ਸਫਾਈ ਦੇ ਨਾਲ-ਨਾਲ ਪੀਣ ਵਾਲੇ ਪਾਣੀ ਦੀ ਲੋੜੀਂਦੀ ਵਿਵਸਥਾ, ਮੋਬਾਇਲ ਟਾਇਲਟਸ ਆਦਿ ਦੇ ਢੁੱਕਵੇਂ ਪ੍ਰਬੰਧ ਯਕੀਨੀ ਬਣਾਏ ਜਾਣ । ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਾਲ-ਨਾਲ ਸ਼ੋਭਾ ਯਾਤਰਾ ਦੌਰਾਨ ਮਹਿਲਾ ਪੁਲਿਸ ਦੀ ਤਾਇਨਾਤੀ, ਢੁੱਕਵੀਂ ਬੈਰੀਕੇਡਿੰਗ ਤੇ ਟ੍ਰੈਫਿਕ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖਣ ਲਈ ਲੋੜੀਂਦੇ ਇੰਤਜ਼ਾਮ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਰਾਜ ਪੱਧਰੀ ਸਮਾਂਗਮ ਵਿਚ ਵੱਡੀ ਗਿਣਤੀ ਸ਼ਰਧਾਲੂਆਂ ਦੀ ਆਮਦ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸਮੁੱਚੇ ਲੋੜੀਂਦੇ ਇੰਤਜ਼ਾਮ ਯਕੀਨੀ ਬਣਾਏ ਜਾ ਰਹੇ ਨੇ ਤਾਂ ਜੋ ਸੰਗਤ ਨੂੰ ਕੋਈ ਅਸੁਵਿਧਾ ਨਾ ਹੋਵੇ ।

-----------------------------------------------------------

ਸ੍ਰੀ ਅਨੰਦਪੁਰ ਸਾਹਿਬ ਵਿਖੇ 9 ਤੋਂ 14 ਮਾਰਚ ਤੱਕ ਮਨਾਏ ਜਾ ਰਹੇ ਹੋਲਾ ਮਹਲਾ ਸਬੰਧੀ ਪ੍ਰਸ਼ਾਸਨ ਵਲੋਂ ਅਗਾਊਂ ਪ੍ਰਬੰਧ ਜੋਰਾਂ ਸੋਰਾਂ ਨਾਲ

ਕੀਤੇ ਜਾ ਰਹੇ ਨੇ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਕੋਈ ਪਰੇਸ਼ਾਨੀ ਨਾ ਹੋਵੇ । ਇਸ ਸਬੰਧੀ ਰੂਪਨਗਰ ਦੇ ਡਿਪਟੀ ਕਮਿਸ਼ਨਰ ਹਿਮਾਸ਼ੂ ਜੈਨ ਤੇ ਐਸ.ਐਸ.ਪੀ. ਗੁਰਲੀਤ ਸਿੰਘ ਖੁਰਾਣਾ ਵਲੋਂ ਪ੍ਰਸ਼ਾਸਨ ਦੇ ਆਲਾ ਅਧਿਕਾਰੀਆਂ ਨਾਲ ਉੱਚ-ਪੱਧਰੀ ਬੈਠਕ ਕੀਤੀ ਗਈ ਏ। ਡਿਪਟੀ ਕਮਿਸ਼ਨਰ ਨੇ ਪ੍ਰਬੰਧਾਂ ਦੀ ਸਮੀਖਿਆ ਉਪਰੰਤ ਜ਼ਿਲ੍ਹਾ ਅਧਿਕਾਰੀਆਂ ਨੂੰ ਕਿਹਾ ਕਿ ਹੋਲਾ ਮਹੱਲਾ ਤੋ ਪਹਿਲਾ ਸਾਰੇ ਵਿਭਾਗ ਆਪਣੇ ਕੰਮ ਮੁਕੰਮਲ ਕਰ ਲੈਣ, ਸ਼ਰਧਾਲੂਆਂ ਦੀ ਸਹੂਲਤ ਲਈ ਕਿਸੇ ਤਰਾਂ ਦੀ ਕੋਈ ਕਮੀ ਨਾਂ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਇਸ ਵਾਰ ਮੇਲਾ ਖੇਤਰ ਨੂੰ ਕੀਰਤਪੁਰ ਸਾਹਿਬ ਵਿਚ ਦੋ ਸੈਕਟਰਾਂ ਵਿਚ ਵੰਡਿਆ ਗਿਆ ਏ ਜਦਕਿ ਸ੍ਰੀ ਅਨੰਦਪੁਰ ਸਾਹਿਬ ਵਿਚ 11 ਸੈਕਟਰਾਂ ਬਣਾਏ ਗਏ ਨੇ , ਜਿੱਥੇ ਗਜਟਿਡ ਅਫਸਰ ਹਮੇਸ਼ਾ ਤੈਨਾਂਤ ਰਹਿਣਗੇ ।

---------------------------------------------------------------

ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਬੁੱਢਾ ਦਰਿਆ ਨੂੰ ਪ੍ਰਦੂਸ਼ਣ-ਮੁਕਤ ਬਣਾਉਣ ਦੇ ਨਿਰਦੇਸ਼ ਦਿੱਤੇ ਨੇ । ਉਨ੍ਹਾਂ ਕਿਹਾ ਕਿ ਇੰਡਸਟਰੀ ਦੇ ਗੰਦੇ ਪਾਣੀ ਦੀ ਨਿਕਾਸੀ 'ਤੇ ਪੂਰੀ ਤਰ੍ਹਾਂ ਰੋਕ ਲਗਾਈ ਜਾਵੇ ਤਾਂ ਕਿ ਸੀਵਰੇਜ ਟਰੀਟਮੈਂਟ ਪਲਾਂਟ ਦੀ ਕਾਰਗੁਜ਼ਾਰੀ ਪ੍ਰਭਾਵਿਤ ਨਾ ਹੋਵੇ। ਉਹਨਾਂ ਕਿਹਾ ਕਿ ਬੁੱਢਾ ਦਰਿਆ ਨੂੰ ਪ੍ਰਦੂਸ਼ਿਤ ਕਰਨ ਦੀ ਕਿਸੇ ਵੀ ਇੰਡਸਟਰੀ ਜਾਂ ਵਿਅਕਤੀ ਨੂੰ ਇਜਾਜ਼ਤ

ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਹੁਕਮ ਦਿੱਤਾ ਕਿ ਜਿਹੜੀਆਂ ਫੈਕਟਰੀਆਂ ਜਾਂ ਯੂਨਿਟ ਨਿਯਮਾਂ ਦੀ ਉਲੰਘਣਾ ਕਰ ਰਹੇ ਹਨ, ਉਨ੍ਹਾਂ ਵਿਰੁੱਧ ਤੁਰੰਤ ਕਾਰਵਾਈ ਹੋਵੇ। ਉਹਨਾਂ ਕਿਹਾ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਇਕ ਜੁਆਇੰਟ ਟੀਮ ਦਾ ਗਠਨ ਕਰੇ, ਜਿਸ ਵਿਚ ਨਗਰ ਨਿਗਮ ਲੁਧਿਆਣਾ ਦੇ ਵੀ ਅਧਿਕਾਰੀ ਸ਼ਾਮਲ ਹੋਣ। ਉਨ੍ਹਾਂ ਕਿਹਾ ਕਿ ਇਸ ਦੀ ਮੁਕੰਮਲ ਰਿਪੋਰਟ ਤਿਆਰ ਕਰਕੇ ਦੋਸ਼ੀਆਂ ਵਿਰੁੱਧ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ।

------------------------------------------------------------

ਸੂਬੇ ਭਰ ਵਿਚ ਸੜਕਾਂ 'ਤੇ ਆਉਣ-ਜਾਣ ਵਾਲੇ ਵਿਅਕਤੀਆਂ ਦੀ ਸੁਰੱਖਿਆ ਵਿਚ ਵਾਧਾ ਕਰਨ ਦੇ ਉਦੇਸ਼ ਨਾਲ ਪੰਜਾਬ ਪੁਲਿਸ ਨੇ ਸੜਕ ਸੁਰੱਖਿਆ ਲਈ ਡੇਟਾ-ਅਧਾਰਿਤ ਪਹੁੰਚ ਲਾਗੂ ਕਰਨ ਵਾਸਤੇ ਸੇਵ ਲਾਈਫ ਇੰਡੀਆ ਨਾਂ ਦੀ ਇੱਕ ngo ਨਾਲ ਸਮਝੌਤਾ ਕੀਤਾ ਹੈ। ਚੰਡੀਗੜ੍ਹ ਵਿਖੇ ਪੰਜਾਬ ਪੁਲਿਸ ਹੈੱਡਕੁਆਰਟਰ ਵਿਖੇ ਏਡੀਜੀਪੀ ਟ੍ਰੈਫਿਕ ਤੇ ਸੜਕ ਸੁਰੱਖਿਆ ਏ.ਐਸ. ਰਾਏ ਤੇ ਸੇਵ ਲਾਈਫ ਫਾਊਂਡੇਸ਼ਨ ਦੇ ਸੰਸਥਾਪਕ ਪਿਊਸ਼ ਤਿਵਾਰੀ ਵੱਲੋਂ ਇਸ ਸਮਝੌਤੇ ‘ਤੇ ਹਸਤਾਖਰ ਕੀਤੇ ਗਏ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਹ ਸਮਝੌਤਾ ਹਾਦਸਿਆਂ ਨੂੰ ਰੋਕਣ ਲਈ ਹਾਦਸੇ ਦੀ ਵਿਗਿਆਨਕ ਢੰਗ ਨਾਲ ਜਾਂਚ ਅਤੇ ਟੀਚਾਗਤ ਦਖਲ 'ਤੇ ਕੇਂਦ੍ਰਿਤ ਹੋਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਟ੍ਰੈਫਿਕ

ਮੁਲਾਜ਼ਮਾਂ ਨੂੰ ਹਾਦਸਿਆਂ ਦੇ ਵਿਸ਼ਲੇਸ਼ਣ ਸਬੰਧੀ ਉੱਨਤ ਤਕਨੀਕਾਂ ਵਿੱਚ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ।

---------------------------------------------------------------------

ਪਠਾਨਕੋਟ ਦੀ ਸੀ. ਆਈ. ਏ. ਪੁਲੀਸ ਨੇ ਬਮਿਆਲ ਸਰਹੱਦੀ ਖੇਤਰ ਵਿਚ ਡਰੋਨ ਰਾਹੀਂ ਪਾਕਿਸਤਾਨ ਤੋਂ ਹੈਰੋਇਨ ਦੀ ਖੇਪ ਤਸਕਰੀ ਕਰਨ ਦੇ ਦੋਸ਼ ਵਿਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਨੇ ਉਸ ਕੋਲੋਂ ਹੈਰੋਇਨ, ਪਾਕਿਸਤਾਨੀ ਡਰੋਨ ਤੇ ਮੋਟਰਸਾਈਕਲ ਬਰਾਮਦ ਕੀਤਾ ਏ। ਐਸ. ਐਸ. ਪੀ ਦਿਲਜਿੰਦਰ ਸਿੰਘ ਢਿਲੋਂ ਨੇ ਦੱਸਿਆ ਕਿ ਗਿਰਫ਼ਤਰ ਕੀਤਾ ਜਤਿੰਦਰ ਕੁਮਾਰ ਆਪਣੇ ਤਿੰਨ ਹੋਰ ਸਾਥੀਆਂ ਨਾਲ ਤਸਕਰੀ ਦਾ ਕੰਮ ਕਰਦਾ ਸੀ ਤੇ ਪਾਕਿਸਤਾਨ ਤੋਂ ਹੈਰੋਇਨ ਮੰਗਵਾ ਕੇ ਅਗੇ ਸਪਲਾਈ ਕਰਦਾ ਸੀ।